ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, (90410-04313)
ਪਿੰਡ ਭੋਲਾਪੁਰ,
ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ,
ਲੁਧਿਆਣਾ-141123. ..........ਅਪੀਲਕਰਤਾ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਨਗਰ ਕੌਂਸਿਲ,
ਮੋਰਿੰਡਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ........ ਉੱਤਰਦਾਤਾ

**ਅਪੀਲ ਕੇਸ ਨੰ:2720 ਆਫ਼ 2018**

**ਹਾਜ਼ਰ:-**
1) ਸ਼੍ਰੀ ਤੇਜਿੰਦਰ ਸਿੰਘ, ਐਡਵੋਕੇਟ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਜਗਜੀਤ ਸਿੰਘ ਜੱਜ, ਕਾਰਜ ਸਾਧਕ ਅਫਸਰ, ਮੋਰਿੰਡਾ (99887-72756)

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 28-01-2018, ਲੋਕ ਸੂਚਨਾ ਅਧਿਕਾਰੀ ਦਫਤਰ ਨਗਰ ਕੌਂਸਿਲ, ਮੋਰਿੰਡਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ, 2014 ਤੋਂ ਜਨਵਰੀ 2018 ਤੱਕ ਕੱਟੇ ਗਏ ਚਲਾਨ ਅਤੇ ਚਲਾਣਾਂ ਤੋਂ ਪ੍ਰਾਪਤ ਹੋਈ ਆਮਦਨ ਆਦਿ ਨਾਲ ਸਬੰਧਤ 06 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 02-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ_ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਜਗਜੀਤ ਸਿੰਘ ਜੱਜ, ਕਾਰਜ ਸਾਧਕ ਅਫਸਰ, ਮੋਰਿੰਡਾ ਵੱਲੋਂ ਜ਼ਬਾਨੀ ਅਤੇ ਆਪਣੇ ਪੱਤਰ ਨੰ:ਐਮ.ਸੀ.ਐਮ.-18/988, ਮਿਤੀ 25-09-2018 ਰਾਹੀਂ ਲਿਖਤੀ ਰੂਪ ਵਿੱਚ ਦੱਸਿਆ ਗਿਆ ਹੈ ਕਿ ਅਪੀਲਕਰਤਾ ਦਾ ਬਿਨੈ-ਪੱਤਰ ਉਨ੍ਹਾਂ ਨੂੰ ਮਿਤੀ 02-02-2018 ਨੂੰ ਪ੍ਰਾਪਤ ਹੋਇਆ ਸੀ ਅਤੇ ਉਨ੍ਹਾਂ ਵੱਲੋਂ ਸੂਚਨਾ ਤਿਆਰ ਕਰਕੇ ਆਪਣੇ ਪੱਤਰ ਨੰ:ਐਮ.ਸੀ.ਐਮੀ-18/115, ਮਿਤੀ 06-02-2018 ਰਾਹੀਂ ਅਪੀਲਕਰਤਾ ਨੂੰ ਬਣਦੀ ਫੀਸ ਜਮ੍ਹਾਂ

ਚਲਦਾ---ਪੰਨਾ/2

**ਅਪੀਲ ਕੇਸ ਨੰ:2720 ਆਫ਼ 2018**

ਕਰਾਉਣ ਲਈ ਲਿਖਿਆ ਗਿਆ ਸੀ ਪਰੰਤੂ ਅਪੀਲਕਰਤਾ ਵੱਲੋਂ ਅਜੇ ਤੱਕ ਬਣਦੀ ਫੀਸ ਜਮ੍ਹਾਂ ਨਹੀਂ ਕਰਵਾਈ ਗਈ। ਅਪੀਲਕਰਤਾ ਨੇ ਕਿਹਾ ਹੈ ਕਿ ਉੱਤਰਦਾਤਾ ਵੱਲੋ ਫੀਸ ਜਮ੍ਹਾਂ ਕਰਾਉਣ ਵਾਸਤੇ ਉਸ ਨੂੰ ਲਿਖਿਆ ਗਿਆ ਕੋਈ ਵੀ ਪੱਤਰ ਨਹੀਂ ਮਿਲਿਆ। ਉਸ ਨੇ ਇਹ ਵੀ ਕਿਹਾ ਕਿ ਉਹ ਪਹਿਲੀ ਅਪੀਲੀ ਅਥਾਰਟੀ ਕੋਲ ਵੀਂ ਪੇਸ਼ੀ ਤੇ ਵੀ ਹਾਜ਼ਰ ਹੋਇਆ ਸੀ ਪਰੰਤੂ ਲੋਕ ਸੂਚਨਾ ਅਧਿਕਾਰੀ ਪੇਸ਼ ਨਹੀਂ ਹੋਏ। ਹਾਜ਼ਰ ਉੱਤਰਦਾਤਾ ਅਪੀਲਕਰਤਾ ਨੂੰ ਫੀਸ ਜਮ੍ਹਾਂ ਕਰਾਉਣ ਲਈ ਪੱਤਰ ਲਿਖਣ ਬਾਰੇ ਕੋਈ ਸਬੂਤ ਪੇਸ਼ ਨਹੀਂ ਕਰ ਸਕਿਆ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਮਿਤੀ 06-02-2018 ਦਾ ਡਿਸਪੈਚ ਰਜਿਸਟਰ ਪੇਸ਼ੀ ਦੀ ਅਗਲੀ ਮਿਤੀ ਤੇ ਪੇਸ਼ ਕੀਤਾ ਜਾਵੇ। ਪਹਿਲੀ ਅਪੀਲੀ ਅਥਾਰਟੀ ਨੂੰ ਵੀ ਪੇਸ਼ੀ ਤੇ ਹਾਜ਼ਰ ਹੋਣ ਦੀ ਹਦਾਇਤ ਕੀਤੀ ਜਾਂਦੀ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 17-12-2018 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਹੁਸ਼ਿਆਰਪੁਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਹੁਸ਼ਿਆਰਪੁਰ। ........ ਉੱਤਰਦਾਤਾ

**ਅਪੀਲ ਕੇਸ ਨੰ:2722 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋ ਸ਼੍ਰੀ ਰਮਨ ਵਿਰਦੀ, ਫੂਡ ਸੇਫਟੀ ਅਫਸਰ (94177-69106)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2018, ਲੋਕ ਸੂਚਨਾ ਅਧਿਕਾਰੀ ਦਫਤਰ ਫੂਡ ਸੇਫਟੀ ਅਫਸਰ, ਹੁਸ਼ਿਆਰਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24 -05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 23-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 24-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ । ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋ ਹਾਜ਼ਰ ਸ਼੍ਰੀ ਰਮਨ ਵਿਰਦੀ, ਫੂਡ ਸੇਫਟੀ ਅਫਸਰ ਨੇ ਪੱਤਰ ਨੰ:ਫੂਡ/2018/123, ਮਿਤੀ 12-04-2018 ਦੀ ਦਫਤਰੀ ਕਾਪੀ ਪੇਸ਼ ਕੀਤੀ ਹੈ ਜੋ ਕਿ ਰਿਕਾਰਡ ਤੇ ਰੱਖ ਲਈ ਗਈ ਹੈ। ਇਸ ਪੱਤਰ ਦੀ ਕਾਪੀ ਅਪੀਲਕਰਤਾ ਨੂੰ ਵੀ ਦੇ ਦਿੱਤੀ ਗਈ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਨੇ ਅਪੀਲਕਰਤਾ ਵੱਲੋ ਮਿਤੀ 05-04-2018 ਨੂੰ ਪਾਈ ਗਈ ਆਰ.ਟੀ.ਆਈ. ਦੇ ਸਬੰਧ ਵਿੱਚ ਲਗਭੱਗ 7 ਮਹੀਨੇ ਤੋਂ ਵੀ ਵੱਧ ਸਮੇਂ ਬਾਅਦ ਅਪੀਲਕਰਤਾ ਨੂੰ ਕੇਵਲ ਇਹ ਸੂਚਿਤ ਕੀਤਾ ਗਿਆ ਹੈ ਕਿ ਉਸ ਵੱਲੋਂ ਮੰਗੀ ਗਈ ਸੂਚਨਾ ਉਨ੍ਹਾਂ ਦੇ ਰਿਕਾਰਡ ਵਿੱਚ ਉਪਲਬਧ ਨਹੀਂ ਹੈ। ਹਾਜ਼ਰ ਉੱਤਰਦਾਤਾ ਨੇ ਦੱਸਿਆ ਹੈ ਕਿ ਉਨ੍ਹਾਂ ਵੱਲੋਂ ਕੈਸ਼ ਰਜਿਸਟਰ ਨਹੀਂ

ਚਲਦਾ---ਪੰਨਾ/2

ਲਗਾਇਆ ਗਿਆ ਜਦੋਂ ਕਿ ਸੂਚਨਾ ਦਾ ਅਧਿਕਾਰ ਐਕਟ, 2005 ਦੇ ਰੂਲ 4(6) ਤਹਿਤ ਫਾਰਮ "ਕ" ਵਿੱਚ ਕੈਸ਼ ਰਜਿਸਟਰ ਲਗਾਉਣਾ ਲਾਜ਼ਮੀ ਹੈ। ਇਸ ਦਾ ਮਤਲਬ ਹੈ ਕਿ ਲੋਕ ਸੂਚਨਾ ਅਧਿਕਾਰੀ ਨੂੰ ਆਰ.ਟੀ.ਆਈ. ਐਕਟ ਬਾਰੇ ਪੂਰੀ ਤਰ੍ਹਾਂ ਜਾਣਕਾਰੀ ਨਹੀਂ ਹੈ ਅਤੇ ਉਹ ਆਰ.ਟੀ.ਆਈ. ਨਾਲ ਸਬੰਧਤ ਮਾਮਲਿਆਂ ਨੂੰ ਗੰਭੀਰਤਾ ਨਾਲ ਨਹੀਂ ਲੈ ਰਹੇ। ਇਸ ਲਈ ਹਾਜ਼ਰ ਉੱਤਰਦਾਤਾ ਅਤੇ ਸ਼੍ਰੀ ਸੁਨੀਲ ਅਹੀਰ, ਲੋਕ ਸੂਚਨਾ ਅਧਿਕਾਰੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ । ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਕਾਰਵਾਈ ਕੀਤੀ ਜਾਵੇਗੀ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 02-01-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਰੂਪਨਗਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਰੂਪਨਗਰ। ........ ਉੱਤਰਦਾਤਾ

**ਅਪੀਲ ਕੇਸ ਨੰ:2723 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋ ਸ਼੍ਰੀ ਬਿਕਰਮਜੀਤ ਸਿੰਘ, ਫੂਡ ਸੇਫਟੀ ਅਫਸਰ (98766-25544)।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2018, ਲੋਕ ਸੂਚਨਾ ਅਧਿਕਾਰੀ ਦਫਤਰ ਫੂਡ ਸੇਫਟੀ ਅਫਸਰ, ਰੂਪਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ । ਅਪੀਲਕਰਤਾ ਨੇ ਕਿਹਾ ਹੈ ਕਿ ਉਸ ਅਜੇ ਤੱਕ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋ ਹਾਜ਼ਰ ਸ਼੍ਰੀ ਬਿਕਰਮਜੀਤ ਸਿੰਘ, ਫੂਡ ਸੇਫਟੀ ਅਫਸਰ ਨੇ ਪੱਤਰ ਨੰ:ਸੀ.ਐਸ./ਫੂਡ/78, ਮਿਤੀ 12-04-2018 ਪੇਸ਼ ਕੀਤਾ ਹੈ ਜ਼ੋ ਕਿ ਰਿਕਾਰਡ ਤੇ ਰੱਖ ਲਿਆ ਗਿਆ ਹੈ। ਇਸ ਪੱਤਰ ਰਾਹੀਂ ਉੱਤਰਦਾਤਾ ਨੇ ਅਪੀਲਕਰਤਾ ਵੱਲੋ ਮਿਤੀ 05-04-2018 ਨੂੰ ਪਾਈ ਗਈ ਆਰ.ਟੀ.ਆਈ. ਦੇ ਸਬੰਧ ਵਿੱਚ ਉਸ ਨੂੰ ਇਹ ਸੂਚਿਤ ਕੀਤਾ ਗਿਆ ਹੈ ਕਿ ਫੂਡ ਸੇਫਟੀ ਦੇ ਕੰਮ ਨਾਲ ਸਬੰਧਤ ਇਸ ਤਰ੍ਹਾਂ ਦਾ ਕੋਈ ਵੀ (ਕ ਫਾਰਮ) ਕੈਸ਼ ਰਜਿਸਟਰ ਉਨ੍ਹਾਂ ਦੇ ਰਿਕਾਰਡ ਮੁਤਾਬਿਕ ਉਪਲਬਧ ਨਹੀਂ ਹੈ। ਉਨ੍ਹਾਂ ਵੱਲੋਂ ਇਹ ਵੀ ਦੱਸਿਆ ਗਿਆ ਹੈ ਕਿ ਆਰ.ਟੀ.ਆਈ ਨਾਲ ਸਬੰਧਤ ਫੀਸ ਰਜਿਸਟਰ, ਲੋਕ ਸੂਚਨਾ ਅਧਿਕਾਰੀ ਰੂਪਨਗਰ ਵੱਲੋ ਮੇਨਟੇਨ ਕੀਤਾ ਜਾਂਦਾ ਹੈ ਅਤੇ ਜੇਕਰ ਅਪੀਲਕਰਤਾ ਚਾਹੇ ਤਾਂ ਬਣਦੀ ਫੀਸ ਜਮ੍ਹਾਂ ਕਰਵਾ ਕੇ ਸਬੰਧਤ ਦਫ਼ਤਰ ਤੋਂ ਸੂਚਨਾ ਪ੍ਰਾਪਤ ਕਰ ਸਕਦਾ ਹੈ।ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਸਮੇਂ ਸਿਰ ਜਵਾਬ ਭੇਜਿਆ ਗਿਆ ਹੈ ਜ਼ੋ ਕਿ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਜਸਬੀਰ ਸਿੰਘ, (98882-96107)
ਵਾਸੀ ਪਿੰਡ ਭੋਲਾਪੁਰ ਝਾਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲੁਧਿਆਣਾ-123455. .......ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਫੂਡ ਸੇਫਟੀ ਅਫਸਰ,
ਫਤਿਹਗੜ੍ਹ ਸਾਹਿਬ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਫਤਿਹਗੜ੍ਹ ਸਾਹਿਬ। ........ ਉੱਤਰਦਾਤਾ

**ਅਪੀਲ ਕੇਸ ਨੰ:2724 ਆਫ਼ 2018**

**ਹਾਜ਼ਰ:-**

1) ਸ਼੍ਰੀ ਜਸਬੀਰ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋ ਸ਼੍ਰੀ ਰਾਜਵਿੰਦਰ ਸਿੰਘ, ਫੂਡ ਕਲਰਕ(99148-25544) ਅਤੇ ਪਹਿਲੀ ਅਪੀਲੀ ਅਥਾਰਟੀ ਵੱਲੋਂ ਸ਼੍ਰੀ ਅਦਿੱਤੀ ਗੁਪਤਾ, ਸਹਾਇਕ ਕਮਿਸ਼ਨਰ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 05-04-2018, ਲੋਕ ਸੂਚਨਾ ਅਧਿਕਾਰੀ ਦਫਤਰ ਫੂਡ ਸੇਫਟੀ ਅਫਸਰ, ਫਤਿਹਗੜ੍ਹ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਉਸ ਵੱਲੋਂ ਜਨਵਰੀ ਸਾਲ 2010 ਤੋਂ ਲੈ ਕੇ ਫਰਵਰੀ, 2018 ਤੱਕ ਆਰ.ਟੀ.ਆਈ. ਦੇ ਫਾਰਮ "ਕ" ਰੂਲ 4(6) ਦੇ ਤਹਿਤ ਲਗਾਏ ਗਏ ਕੈਸ਼ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 13-08-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਅਜੇ ਤੱਕ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਹਾਜ਼ਰ ਉੱਤਰਦਾਤਾ ਨੇ ਪੱਤਰ ਨੰ:ਫੂਡ/18, ਮਿਤੀ 01-10-2018 ਦੀ ਦਫਤਰੀ ਕਾਪੀ ਪੇਸ਼ ਕੀਤੀ ਹੈ ਜੋ ਕਿ ਰਿਕਾਰਡ ਤੇ ਰੱਖ ਲਈ ਗਈ ਹੈ। ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਨੇ ਦੱਸਿਆ ਹੈ ਕਿ ਅਪੀਲਕਰਤਾ ਵੱਲੋ ਮਿਤੀ 05-04-2018 ਨੂੰ ਪਾਈ ਗਈ ਆਰ.ਟੀ.ਆਈ. ਦੇ ਸਬੰਧ ਵਿੱਚ ਉਨ੍ਹਾਂ ਦੇ ਦਫ਼ਤਰ ਦੇ ਪੱਤਰ ਨੰ:ਫੂਡ/18/133, ਮਿਤੀ 27-04-2018 ਰਾਹੀਂ ਅਪੀਲਕਰਤਾ ਨੂੰ ਰਜਿਸਟਰਡ ਡਾਕ ਰਾਹੀਂ ਸੂਚਿਤ ਕੀਤਾ ਜਾ ਚੁੱਕੀ ਹੈ ਕਿ ਆਰ.ਟੀ.ਆਈ. ਐਕਟ ਦੇ ਸਬੰਧ ਵਿੱਚ ਉਨ੍ਹਾਂ ਦੇ ਦਫ਼ਤਰ ਵਿਖੇ ਕੋਈ ਰਿਕਾਰਡ ਉਪਲਬਧ ਨਹੀਂ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਭੇਜਿਆ ਗਿਆ ਉੱਤਰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਵਿਕਰਮ ਵੈਦ, (98550-32897)
ਆਰ.ਟੀ.ਆਈ. ਐਕਟੀਵਿਸਟ ਅਤੇ
ਵਿਸਲ ਬਲੋਅਰ, #1527,
ਗਲੀ ਨੰ:2, ਬਾਗ ਰਾਮਾ ਨੰਦ,
ਅੰਮ੍ਰਿਤਸਰ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਮੈਡੀਕਲ ਅਫਸਰ,
ਸਿਵਲ ਹਸਪਤਾਲ, ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਸਿਵਲ ਸਰਜਨ,
ਜਲੰਧਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:848 ਆਫ਼ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਡਾਕਟਰ ਰਾਕੇਸ਼ ਕੁਮਾਰ, ਮੈਡੀਕਲ ਅਫਸਰ (94171-64164)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 23-05-2018, ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਮੈਡੀਕਲ ਅਫਸਰ, ਸਿਵਲ ਹਸਪਤਾਲ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਕੰਪਿਊਟਰ ਰਾਹੀਂ ਐਮ.ਐਲ.ਆਰ./ਪੀ.ਐਮ.ਆਰ. ਤਿਆਰ ਕਰਨ ਨਾਲ ਸਬੰਧਤ 18 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-07-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਪਰੰਤ ਉਸ ਨੇ ਮਿਤੀ 06-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਡਾਕਟਰ ਰਾਕੇਸ਼ ਕੁਮਾਰ, ਮੈਡੀਕਲ ਅਫਸਰ ਨੇ ਪੱਤਰ ਨੰ:4623, ਮਿਤੀ 22-06-2018 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਕੀਤਾ ਗਿਆ ਹੈ, ਦੀ ਕਾਪੀ ਪੇਸ਼ ਕੀਤੀ ਗਈ ਹੈ ਜਿਸ ਰਾਹੀਂ ਜਿਸ ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਮੁਹੱਈਆ ਕੀਤੀ ਜਾ ਚੁੱਕੀ ਹੈ।ਹਾਜ਼ਰ ਉਤੱਰਦਾਤਾ ਵੱਲੋਂ ਪੇਸ਼ ਕੀਤੀ ਪੱਤਰ ਦੀ ਕਾਪੀ ਮਿਸਲ ਤੇ ਰੱਖ ਲਈ ਗਈ ਹੈ। ਉੱਤਰਦਾਤਾ ਵੱਲੋਂ ਸਮੇਂ ਸਿਰ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਗਈ ਹੈ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਫਿਰ ਵੀ ਸ਼ਿਕਾਇਤਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਹਦਾਇਤ ਕੀਤੀ ਜਾਂਦੀ ਹੈ ਕਿ ਜੇਕਰ ਉਸ ਨੂੰ ਪ੍ਰਾਪਤ ਹੋਈ ਸੂਚਨਾ ਵਿੱਚ ਕੋਈ ਤਰੁੱਟੀਆਂ ਪਾਈਆ ਜਾਣ ਤਾਂ ਉਨ੍ਹਾਂ ਬਾਰੇ ਸਿੱਧੇ ਤੌਰ ਤੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸੂਚਿਤ ਕੀਤਾ ਜਾਵੇ। ਇਸ ਹਦਾਇਤ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 09-01-2019 ਨੂੰ 11.30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।**

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਬਲਵਿੰਦਰ ਸਿੰਘ, (94631-42175)
ਪੁੱਤਰ ਸ਼੍ਰੀ ਬੰਤਾ ਸਿੰਘ,
ਪਿੰਡ ਨਿਧਾਨਾ, ਤਹਿਸੀਲ ਗੁਰੂਹਰਸਹਾਏ,
ਜ਼ਿਲ੍ਹਾ ਫਿਰੋਜ਼ਪੁਰ।

.......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਜ਼ੋਨਲ ਲਾਇਸੈਂਸਿੰਗ ਅਥਾਰਟੀ (ਡਰੱਗਜ਼),
ਫਿਰੋਜ਼ਪੁਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:853 ਆਫ਼ 2018**

**ਹਾਜ਼ਰ:-**

1) ਸ਼੍ਰੀ ਬਲਵਿੰਦਰ ਸਿੰਘ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਪਰਮਵੀਰ ਸਿੰਘ ਮੋਂਗਾ, ਸੀਨੀਅਰ ਸਹਾਇਕ (98151-15557)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 18-05-2018, ਲੋਕ ਸੂਚਨਾ ਅਧਿਕਾਰੀ ਦਫਤਰ ਜ਼ੋਨਲ ਲਾਇਸੈਂਸਿੰਗ ਅਥਾਰਟੀ (ਡਰੱਗਜ਼), ਫਿਰੋਜ਼ਪੁਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਕਾਠਗੜ੍ਹ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਵਿਖੇ ਮਿਤੀ 06-02-2018 ਅਤੇ 23-04-29018 ਨੂੰ ਵੀ.ਆਰ. ਮੈਡੀਕਲ ਸਟੋਰ ਤੇ ਹੋਈ ਇੰਸਪੈਕਸ਼ਨ ਤੇ ਕੀਤੀ ਗਈ ਕਾਰਵਾਈ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ_ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਪਰਮਵੀਰ ਸਿੰਘ ਮੋਂਗਾ, ਸੀਨੀਅਰ ਸਹਾਇਕ ਨੇ ਪੱਤਰ ਨੰ:ਜੈਡ.ਐਲ.ਏ.2018/552, ਮਿਤੀ 04-10-2018 ਪੇਸ਼ ਕੀਤਾ ਹੈ ਜ਼ੋ ਕਿ ਰਿਕਾਰਡ ਤੇ ਰੱਖ ਲਿਆ ਗਿਆ ਹੈ ।ਇਸ ਪੱਤਰ ਰਾਹੀਂ ਹਾਜ਼ਰ ਉੱਤਰਦਾਤਾ ਨੇ ਦੱਸਿਆ ਹੈ ਕਿ ਅਪੀਲਕਰਤਾ ਵੱਲੋ ਮਿਤੀ 18-05-2018 ਨੂੰ ਪਾਈ ਗਈ ਆਰ.ਟੀ.ਆਈ. ਉਨ੍ਹਾਂ ਨੂੰ ਮਿਤੀ 25-05-208 ਨੂੰ ਪ੍ਰਾਪਤ ਹੋਈ ਸੀ। ਸ਼ਿਕਾਇਤਕਰਤਾ ਵੱਲੋਂ ਆਪਣੀ ਆਰ.ਟੀ.ਆਈ ਦੇ ਨਾਲ ਫੀਸ ਵਜੋਂ ਪੋਸਟਲ ਆਰਡਰ ਨੰ:39 ਐਫ 004363 ਲਗਾਇਆ ਗਿਆ ਸੀ ਜ਼ੋ ਕਿ ਪੀ.ਆਈ.ਓ. -ਕਮ- ਜ਼ੋਨਲ ਲਾਇਸੈਂਸਿੰਗ ਅਥਾਰਟੀ, ਫਿਰੋਜ਼ਪੁਰ ਦੇ ਨਾਮ ਤੇ ਸੀ। ਉੱਤਰਦਾਤਾ ਵੱਲੋਂ ਆਪਣੇ ਪੱਤਰ ਨੰ: ਜੈਡ.ਐਲ.ਏ.2018/283, ਮਿਤੀ 30-05-2018 ਰਾਹੀਂ ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਉਨ੍ਹਾਂ ਦਾ ਦਫ਼ਤਰ ਸਿਵਲ ਸਰਜਨ, ਫਿਰੋਜ਼ਪੁਰ ਦੇ ਅਧੀਨ ਆਉਂਦਾ ਹੈ ਇਸ ਲਈ ਜੇਕਰ ਆਰ.ਟੀ.ਆਈ.

ਚਲਦਾ---ਪੰਨਾ/2

**ਸ਼ਿਕਾਇਤ ਕੇਸ ਨੰ:853 ਆਫ਼ 2018**

ਅਧੀਨ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸ ਸੂਚਨਾ ਲਈ ਪੋਸਟਲ ਆਰਡਰ ਪੀ.ਆਈ.ਓ. -ਕਮ- ਸਿਵਲ ਸਰਜਨ, ਫਿਰੋਜ਼ਪੁਰ ਦੇ ਨਾਮ ਤੇ ਭੇਜਿਆ ਜਾਵੇ। ਸ਼ਿਕਾਇਤਕਰਤਾ ਦਾ ਅਸਲ ਪੋਸਟਲ ਆਰਡਰ ਵੀ ਵਾਪਸ ਕਰ ਦਿੱਤਾ ਗਿਆ ਸੀ।ਪਰੰਤੂ ਸ਼ਿਕਾਇਤਕਰਤਾ ਵੱਲੋਂ ਪੀ.ਆਈ.ਓ.-ਕਮ-ਸਿਵਲ ਸਰਜਨ, ਫਿਰੋਜ਼ਪੁਰ ਦੇ ਨਾਮ ਤੇ ਪੋਸਟਲ ਆਰਡਰ ਨਹੀਂ ਭੇਜਿਆ ਗਿਆ ਜਿਸ ਕਾਰਨ ਉਸ ਨੂੰ ਸੂਚਨਾ ਨਹੀਂ ਦਿੱਤੀ ਜਾ ਸਕੀ। ਹਾਜ਼ਰ ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜੇ ਗਏ ਜਵਾਬ ਦੇ ਸਬੂਤ ਵਜੋਂ ਡਿਸਪੈਚ ਰਜਿਸਟਰ ਵੀ ਪੇਸ਼ ਕੀਤਾ ਹੈ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਸਮੇਂ ਸਿਰ ਜਵਾਬ ਭੇਜਿਆ ਗਿਆ ਹੈ ਜਿਸ ਕਰਕੇ ਇਹ ਸ਼ਿਕਾਇਤ ਕੇਸ ਨਹੀਂ ਬਣਦਾ। ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਭੇਜਿਆ ਗਿਆ ਉੱਤਰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਕੈਪਟਨ ਕੁੰਦਨ ਲਾਲ, (94179-25220)
ਵਾਸੀ ਕਟਵਾਰਾ ਕਲਾਂ,
ਡਾਕਖਾਨਾ ਕਰੀਮਪੁਰ ਚਾਹਵਾਲਾ,
ਬਲਾਕ ਪੋਜੇਵਾਲ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ,ਬਲਾਚੌਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:854 ਆਫ਼ 2018**

**ਹਾਜ਼ਰ:-**

1) ਕੈਪਟਨ ਕੁੰਦਨ ਲਾਲ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਅਮਨਦੀਪ ਚਾਵਲਾ, ਤਹਿਸੀਲਦਾਰ, ਬਲਾਚੌਰ (98724-27055) ।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 27-06-2018, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ,ਬਲਾਚੌਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪਿੰਡ ਕਟਵਾਰਾ ਕਲਾਂ ਤਹਿਸੀਲ ਬਲਾਚੌਰ ਦੀ ਮਸਾਵੀ ਨਾਲ ਸਬੰਧਤ ਸਵਾਲ ਫਾਰਮ ਬਾਰੇ 3 ਨੁਕਤਿਆਂ ਸਬੰਧੀ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 06-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ_ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਅਮਨਦੀਪ ਚਾਵਲਾ, ਤਹਿਸੀਲਦਾਰ, ਬਲਾਚੌਰ ਨੇ ਦੱਸਿਆ ਹੈ ਕਿ ਸ਼ਿਕਾਇਤਕਰਤਾ ਦੀ ਆਰ.ਟੀ.ਆਈ ਮਿਤੀ 26-06-2018 ਉਪ ਮੰਡਲ ਮੈਜਿਸਟਰੇਟ,_ਬਲਾਚੌਰ ਵੱਲੋਂ ਆਪਣੇ ਪੱਤਰ ਨੰ:945/ਆਰ.ਟੀ.ਆਈ., ਮਿਤੀ 24-07-2018 ਰਾਹੀਂ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਅਧੀਨ ਤਬਦੀਲ ਕਰਨ ਉਪਰੰਤ ਪ੍ਰਾਪਤ ਹੋਈ ਸੀ ਅਤੇ ਉਨ੍ਹਾਂ ਵੱਲੋ ਆਪਣੇ ਪੱਤਰ, ਮਿਤੀ 05-09-2018 ਰਾਹੀਂ ਸ਼ਿਕਾਇਤਕਰਤਾ ਨੂੰ ਜਵਾਬ ਭੇਜਿਆ ਜਾ ਚੁੱਕਾ ਹੈ। ਉੱਤਰਦਾਤਾ (ਤਹਿਸੀਲਦਾਰ, ਬਲਾਚੌਰ) ਵੱਲੋਂ ਸ਼ਿਕਾਇਤਕਰਤਾ ਨੂੰ ਭੇਜਿਆ ਗਿਆ ਉੱਤਰ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ ਪਰੰਤੂ ਉੱਤਰਦਾਤਾ ਵੱਲੋ ਸ਼ਿਕਾਇਤਕਰਤਾ ਨੂੰ ਉੱਤਰ ਲੇਟ ਭੇਜਿਆ ਗਿਆ ਹੈ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਦਫ਼ਤਰ

ਚਲਦਾ---ਪੰਨਾ/2

**<u>ਸ਼ਿਕਾਇਤ ਕੇਸ ਨੰ:854 ਆਫ਼ 2018</u>**

ਤਹਿਸੀਲਦਾਰ, ਬਲਾਚੌਰ ਨੂੰ ਭਵਿੱਖ ਵਿੱਚ ਸੂਚਨਾ ਦਾ ਅਧਿਕਾਰ ਐਕਟ, 2005 ਨਾਲ ਸਬੰਧਤ ਮਾਮਲਿਆਂ ਵੱਲ ਵਿਸ਼ੇਸ਼ ਧਿਆਨ ਦੇਣ ਅਤੇ ਐਕਟ ਦੇ ਉਪਬੰਧਾਂ ਦੀ ਇੰਨ-ਬਿੰਨ ਪਾਲਣਾ ਯਕੀਨੀ ਬਨਾਉਣ ਦੀ ਹਦਾਇਤ ਕੀਤੀ ਜਾਂਦੀ ਹੈ। ਇਸ ਹਦਾਇਤ ਦੇ ਨਾਲ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਸ਼ਿਕਾਇਤ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 26 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਤਹਿਸੀਲਦਾਰ, ਬਲਾਚੌਰ,

ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀ ਓਮ ਪ੍ਰਕਾਸ਼ ਸ਼ਰਮਾ, (94637-86486)
ਪੁੱਤਰ ਸ਼੍ਰੀ ਜਗਨ ਨਾਥ,
ਮੰਡੀ ਹਰਜੀ ਰਾਮ,
ਗਲੀ ਪੰਡਿਤ ਜਗਨ ਨਾਥ ਵਾਲੀ,
ਮਲੋਟ-152107.
ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। .......ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ,
ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ। ........ ਉੱਤਰਦਾਤਾ

**ਸ਼ਿਕਾਇਤ ਕੇਸ ਨੰ:855 ਆਫ਼ 2018**

**ਹਾਜ਼ਰ:-**

1) ਸ਼੍ਰੀ ਓਮ ਪ੍ਰਕਾਸ਼ ਸ਼ਰਮਾ, ਸ਼ਿਕਾਇਤਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 12-06-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ, ਮਲੋਟ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੈਨਸ਼ਨ ਦੀ ਸੋਧ ਲਈ ਆਪਣੀ ਸੇਵਾ-ਪੱਤਰੀ ਦੀ ਕਾਪੀ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-08-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 14-09-2018 ਨੂੰ ਪਹਿਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਸ਼ਿਕਾਇਤਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਇੱਕ ਪੱਤਰ, ਮਿਤੀ 14-11-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਦੀ ਰਿਵਾਈਜ਼ਡ ਪੈਨਸ਼ਨ ਕੇਸ ਤੇ ਕੀਤੀ ਗਈ ਕਾਰਵਾਈ ਦਾ ਜ਼ਿਕਰ ਕੀਤਾ ਗਿਆ ਹੈ ਅਤੇ ਦੱਸਿਆ ਗਿਆ ਹੈ ਕਿ ਮਿਤੀ 09-11-2018 ਨੂੰ ਰਿਵਾਈਜ਼ਡ ਪੈਨਸ਼ਨ ਦੇ ਹੁਕਮ ਪਾਸ ਹੋ ਗਏ ਹਨ ਜਿਸ ਦੀ ਕਾਪੀ ਸ਼ਿਕਾਇਤਕਰਤਾ ਨੂੰ ਵੀ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਵੱਲੋਂ ਆਪਣੀ ਆਰ.ਟੀ.ਆਈ. ਅਰਜ਼ੀ ਰਾਹੀਂ ਕੇਵਲ ਆਪਣੀ ਸੇਵਾ-ਪੱਤਰੀ ਦੀ ਕਾਪੀ ਮੰਗੀ ਗਈ ਹੈ। ਇਸ ਕਰਕੇ ਉੱਤਰਦਾਤਾ ਵੱਲੋਂ ਭੇਜਿਆ ਗਿਆ ਉੱਤਰ ਆਰ.ਟੀ.ਆਈ. ਦੇ ਅਨੁਕੂਲ ਨਹੀਂ ਹੈ ਅਤੇ ਇਸ ਤਰ੍ਹਾਂ ਉੱਤਰਦਾਤਾ ਵੱਲੋਂ ਕਮਿਸ਼ਨ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ ਜਿਸ ਦਾ ਕਮਿਸ਼ਨ ਵੱਲੋਂ ਗੰਭੀਰ ਨੋਟਿਸ ਲਿਆ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਦੇ ਉਪਬੰਧਾਂ ਤਹਿਤ ਬਣਦੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 21-01-2019 ਨੂੰ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 26 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਨਰਿੰਦਰ ਪਾਲ ਸਿੰਘ ਲੱਲ, (98151-13910)
ਰਾਮਗੜ੍ਹੀਆ ਐਜੂਕੇਸ਼ਨ ਸੁਸਾਇਟੀ,
ਮੋਗਾ ਰੋਡ, ਸ਼ਾਹਕੋਟ,
ਜ਼ਿਲ੍ਹਾ ਜਲੰਧਰ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ
ਦਫ਼ਤਰ ਰਜਿਸਟਰਾਰ ਫਰਮਜ਼ ਅਤੇ
ਸੁਸਾਇਟੀਜ਼, ਪੰਜਾਬ,
ਚੰਡੀਗੜ੍ਹ। ----ਉੱਤਰਦਾਤਾ

**ਸ਼ਿਕਾਇਤ ਕੇਸ ਨੰ:730 ਆਫ 2018**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵਲੋਂ ਵੀ ਕੋਈ ਨਹੀਂ।

**ਹੁਕਮ:-**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ ਮਿਤੀ 26-03-2018 ਨੂੰ ਲੋਕ ਸੂਚਨਾ ਅਧਿਕਾਰੀ, ਦਫ਼ਤਰ ਰਜਿਸਟਰਾਰ ਫਰਮਜ਼ ਅਤੇ ਸੁਸਾਇਟੀਜ਼, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਗਿਆ ਸੀ ਜਿਸ ਰਾਹੀਂ ਉਸ ਵੱਲੋਂ ਸੁਸਾਇਟੀ ਦੀ ਫਰਵਰੀ, 2018 ਵਿੱਚ ਜਮ੍ਹਾਂ ਕਰਵਾਈ ਗਈ ਫਾਈਲ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 09-07-2018 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 13-08-2018 ਨੂੰ ਪਹਿਲੀ ਸੁਣਵਾਈ ਮਿਤੀ 10-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਹ ਕੇਸ ਮੁਲਤਵੀ ਕਰਕੇ ਮਿਤੀ 04-10-2018 ਨੂੰ ਸਵੇਰੇ 11-30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 04-10-2018 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਸ਼ਿਕਾਇਤਕਰਤਾ ਨੇ ਦੱਸਿਆ ਸੀ ਕਿ ਉਸ ਨੂੰ ਲੋੜੀਂਦੀ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਕਰਮਚਾਰੀ ਨੇ ਸਮੇਂ ਦੀ ਮੰਗ ਕੀਤੀ ਸੀ ਅਤੇ ਇਹ ਵੀ ਕਿਹਾ ਸੀ ਕਿ ਸ਼ਿਕਾਇਤਕਰਤਾ ਉਨ੍ਹਾਂ ਦੇ ਦਫ਼ਤਰ ਜਾ ਲੋੜੀਂਦੀ ਸੂਚਨਾ ਪ੍ਰਾਪਤ ਕਰ ਸਕਦਾ ਹੈ। ਸ਼ਿਕਾਇਤਕਰਤਾ ਨੇ ਉੱਤਰਦਾਤਾ ਦੇ ਦਫ਼ਤਰ ਵਿਖੇ ਜਾ ਕੇ ਸੂਚਨਾ ਪ੍ਰਾਪਤ ਕਰਨ ਲਈ ਸਹਿਮਤੀ ਪ੍ਰਗਟਾਈ ਸੀ। ਇਸ ਲਈ ਸ਼ਿਕਾਇਤਕਰਤਾ ਵੱਲੋਂ ਸੂਚਨਾ ਪ੍ਰਾਪਤ ਕੀਤੇ ਜਾਣ ਦੀ ਪੁਸ਼ਟੀ ਲਈ ਇਹ ਕੇਸ ਅਗਲੀ ਸੁਣਵਾਈ ਮਿਤੀ 10-10-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਸਰਕਾਰ ਵੱਲੋਂ ਮਿਤੀ 10-10-2018 ਨੂੰ ਸਰਕਾਰੀ ਛੁੱਟੀ ਘੋਸ਼ਿਤ ਕਰਨ ਕਾਰਨ ਇਹ ਕੇਸ ਮਿਤੀ 26-11-2018 ਨੂੰ ਸਵੇਰੇ 11:30 ਵਜੇ ਸੁਣਵਾਈ ਲਈ ਨਿਸਚਿਤ ਕੀਤਾ ਗਿਆ ਸੀ।

3. ਉਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਉਨ੍ਹਾਂ ਵੱਲੋਂ ਇੱਕ ਪੱਤਰ ਨੰ:ਰਜਫਸ/3476, ਮਿਤੀ 12-11-2018 ਪ੍ਰਾਪਤ ਹੋਇਆ ਹੈ ਜਿਸ ਰਾਹੀਂ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਇਸ ਤੋਂ ਜ਼ਾਹਿਰ ਹੁੰਦਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਪ੍ਰਾਪਤ ਹੋ ਗਈ ਹੈ ਅਤੇ ਉਹ ਇਸ ਕੇਸ ਦੀ ਹੋਰ ਪੈਰਵਾਈ ਵਿੱਚ ਕੋਈ ਦਿਲਚਸਪੀ ਨਹੀਂ ਰਖਦਾ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 26 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2, ਕਰਤਾਰ ਨਗਰ,
ਅਮਲੋਹ ਰੋਡ, ਖੰਨਾ-141401,
ਜ਼ਿਲ੍ਹਾ ਲੁਧਿਆਣਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ......... ਉੱਤਰਦਾਤਾ

**ਅਪੀਲ ਕੇਸ ਨੰ:2431 ਆਫ਼ 2018**

**ਹਾਜ਼ਰ:-**

1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਕੁਲਵਿੰਦਰ ਸਿੰਘ, ਜੂਨੀਅਰ ਇੰਜੀਨੀਅਰ (80540-52202) ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-02-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਹੀਨਾ ਨਵੰਬਰ-ਦਸੰਬਰ, 2017 ਦੇ ਟੈਂਡਰ ਨੋਟੀਫਿਕੇਸ਼ਨ ਨੰ: ਈ-ਟੈਂਡਰ-ਐਮ.ਈ./ਗੋਬਿੰਦਗੜ/2017-18/20 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਅੱਜ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 16-10-2018 ਤੇ ਅਪੀਲਕਰਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ। ਉੱਤਰਦਾਤਾ ਵੱਲੋਂ ਹਾਜ਼ਰ ਅਧਿਕਾਰੀਆਂ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:176, ਮਿਤੀ 11-10-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਠੇਕੇਦਾਰ ਵੱਲੋ ਅਪੀਲਕਰਤਾ ਵੱਲੋਂ ਸੈਂਪਲਾਂ ਸਬੰਧੀ ਮੰਗੀ ਗਈ ਸੂਚਨਾ ਨਾ ਦੇਣ ਬਾਰੇ ਕਿਹਾ ਗਿਆ ਹੈ ਜਿਸ ਕਰਕੇ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ।

ਚਲਦਾ---ਪੰਨਾ/2

**<u>ਅਪੀਲ ਕੇਸ ਨੰ:2431 ਆਫ਼ 2018</u>**

ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 26-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਕੁਲਵਿੰਦਰ ਸਿੰਘ, ਜੂਨੀਅਰ ਇੰਜੀਨੀਅਰ ਨੇ ਕਿਹਾ ਹੈ ਅਪੀਲਕਰਤਾ ਨੂੰ ਸੈਂਪਲ ਮੁਹੱਈਆ ਕਰਾਉਣ ਅਤੇ ਉਸ ਨੂੰ ਲੈਬ ਵਿੱਚ ਟੈਸਟ ਕਰਾਉਣ ਲਈ ਕਾਫੀ ਖਰਚਾ ਆਉਂਦਾ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਹ ਇਸ ਮੰਤਵ ਲਈ ਬਣਦਾ ਖਰਚਾ ਜਮ੍ਹਾਂ ਕਰਾਉਣ ਲਈ ਤਿਆਰ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਲੈਬ ਦਾ ਬਣਦਾ ਖਰਚਾ ਜਮ੍ਹਾਂ ਕਰਾਉਣ ਉਪਰੰਤ ਉਸ ਨੂੰ ਉਸ ਦੀ ਆਰ.ਟੀ.ਆਈ. ਮੁਤਾਬਿਕ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਅਪੀਲ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2, ਕਰਤਾਰ ਨਗਰ,
ਅਮਲੋਹ ਰੋਡ, ਖੰਨਾ-141401,
ਜ਼ਿਲ੍ਹਾ ਲੁਧਿਆਣਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। .......... ਉੱਤਰਦਾਤਾ

**ਅਪੀਲ ਕੇਸ ਨੰ:2432 ਆਫ਼ 2018**

**ਹਾਜ਼ਰ:-**

1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਕੁਲਵਿੰਦਰ ਸਿੰਘ, ਜੂਨੀਅਰ ਇੰਜੀਨੀਅਰ (80540-52202) ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-02-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਹੀਨਾ ਨਵੰਬਰ-ਦਸੰਬਰ, 2017 ਦੇ ਟੈਂਡਰ ਨੋਟੀਫਿਕੇਸ਼ਨ ਨੰ: ਈ-ਟੈਂਡਰ-ਐਮ.ਈ./ਗੋਬਿੰਦਗੜ/2017-18/24 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਅੱਜ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 16-10-2018 ਤੇ ਅਪੀਲਕਰਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ। ਉੱਤਰਦਾਤਾ ਵੱਲੋਂ ਹਾਜ਼ਰ ਅਧਿਕਾਰੀਆਂ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:178, ਮਿਤੀ 11-10-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਠੇਕੇਦਾਰ ਵੱਲੋ ਅਪੀਲਕਰਤਾ ਵੱਲੋਂ ਸੈਂਪਲਾਂ ਸਬੰਧੀ ਮੰਗੀ ਗਈ ਸੂਚਨਾ ਨਾ ਦੇਣ ਬਾਰੇ ਕਿਹਾ ਗਿਆ ਹੈ ਜਿਸ ਕਰਕੇ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 26-11-2018

ਚਲਦਾ---ਪੰਨਾ/2

ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਕੁਲਵਿੰਦਰ ਸਿੰਘ, ਜੂਨੀਅਰ ਇੰਜੀਨੀਅਰ ਨੇ ਕਿਹਾ ਹੈ ਅਪੀਲਕਰਤਾ ਨੂੰ ਸੈਂਪਲ ਮੁਹੱਈਆ ਕਰਾਉਣ ਅਤੇ ਉਸ ਨੂੰ ਲੈਬ ਵਿੱਚ ਟੈਸਟ ਕਰਾਉਣ ਲਈ ਕਾਫੀ ਖਰਚਾ ਆਉਂਦਾ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਹ ਇਸ ਮੰਤਵ ਲਈ ਬਣਦਾ ਖਰਚਾ ਜਮ੍ਹਾਂ ਕਰਾਉਣ ਲਈ ਤਿਆਰ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਲੈਬ ਦਾ ਬਣਦਾ ਖਰਚਾ ਜਮ੍ਹਾਂ ਕਰਾਉਣ ਉਪਰੰਤ ਉਸ ਨੂੰ ਉਸ ਦੀ ਆਰ.ਟੀ.ਆਈ. ਮੁਤਾਬਿਕ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **<u>ਅਪੀਲ ਕੇਸ ਦਾਖਲ ਦਫ਼ਤਰ</u>** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2, ਕਰਤਾਰ ਨਗਰ,
ਅਮਲੋਹ ਰੋਡ, ਖੰਨਾ-141401,
ਜ਼ਿਲ੍ਹਾ ਲੁਧਿਆਣਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। .......... ਉੱਤਰਦਾਤਾ

**ਅਪੀਲ ਕੇਸ ਨੰ:2433 ਆਫ਼ 2018**

**ਹਾਜ਼ਰ:-**

1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਕੁਲਵਿੰਦਰ ਸਿੰਘ, ਜੂਨੀਅਰ ਇੰਜੀਨੀਅਰ (80540-52202) ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-02-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮਹੀਨਾ ਨਵੰਬਰ-ਦਸੰਬਰ, 2017 ਦੇ ਟੈਂਡਰ ਨੋਟੀਫਿਕੇਸ਼ਨ ਨੰ: ਈ-ਟੈਂਡਰ-ਐਮ.ਈ./ਗੋਬਿੰਦਗੜ/2017-18/24 ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 17-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਅੱਜ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 16-10-2018 ਤੇ ਅਪੀਲਕਰਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ। ਉੱਤਰਦਾਤਾ ਵੱਲੋਂ ਹਾਜ਼ਰ ਅਧਿਕਾਰੀਆਂ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:174, ਮਿਤੀ 11-10-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਠੇਕੇਦਾਰ ਵੱਲੋ ਅਪੀਲਕਰਤਾ ਵੱਲੋਂ ਸੈਂਪਲਾਂ ਸਬੰਧੀ ਮੰਗੀ ਗਈ ਸੂਚਨਾ ਨਾ ਦੇਣ ਬਾਰੇ ਕਿਹਾ ਗਿਆ ਹੈ ਜਿਸ ਕਰਕੇ ਅਪੀਲਕਰਤਾ ਨੂੰ ਲੋੜੀਂਦੀ ਸੂਚਨਾ ਮੁਹੱਈਆ ਨਹੀਂ ਕਰਵਾਈ ਜਾ ਸਕਦੀ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 26-11-2018

ਚਲਦਾ---ਪੰਨਾ/2

ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਕੁਲਵਿੰਦਰ ਸਿੰਘ, ਜੂਨੀਅਰ ਇੰਜੀਨੀਅਰ ਨੇ ਕਿਹਾ ਹੈ ਅਪੀਲਕਰਤਾ ਨੂੰ ਸੈਂਪਲ ਮੁਹੱਈਆ ਕਰਾਉਣ ਅਤੇ ਉਸ ਨੂੰ ਲੈਬ ਵਿੱਚ ਟੈਸਟ ਕਰਾਉਣ ਲਈ ਕਾਫੀ ਖਰਚਾ ਆਉਂਦਾ ਹੈ। ਅਪੀਲਕਰਤਾ ਨੇ ਕਿਹਾ ਹੈ ਕਿ ਉਹ ਇਸ ਮੰਤਵ ਲਈ ਬਣਦਾ ਖਰਚਾ ਜਮ੍ਹਾਂ ਕਰਾਉਣ ਲਈ ਤਿਆਰ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਲੈਬ ਦਾ ਬਣਦਾ ਖਰਚਾ ਜਮ੍ਹਾਂ ਕਰਾਉਣ ਉਪਰੰਤ ਉਸ ਨੂੰ ਉਸ ਦੀ ਆਰ.ਟੀ.ਆਈ. ਮੁਤਾਬਿਕ ਸੂਚਨਾ ਮੁਹੱਈਆ ਕਰਵਾ ਦਿੱਤੀ ਜਾਵੇ। ਇਸ ਹਦਾਇਤ ਦੇ ਨਾਲ ਅਪੀਲਕਰਤਾ ਵੱਲੋ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, (94175-94553)
ਵਾਰਡ ਨੰ:18, ਗਲੀ ਨੰ:2, ਕਰਤਾਰ ਨਗਰ,
ਅਮਲੋਹ ਰੋਡ, ਖੰਨਾ-141401,
ਜ਼ਿਲ੍ਹਾ ਲੁਧਿਆਣਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਕਾਰਜ ਸਾਧਕ ਅਫਸਰ,
ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਿਜਨਲ ਡਿਪਟੀ ਡਾਇਰੈਕਟਰ,
ਸਥਾਨਕ ਸਰਕਾਰ, ਲੁਧਿਆਣਾ। ......... ਉੱਤਰਦਾਤਾ

**ਅਪੀਲ ਕੇਸ ਨੰ:2434 ਆਫ਼ 2018**

**ਹਾਜ਼ਰ:-**

1) ਸ਼੍ਰੀ ਰਮਨਦੀਪ ਸਿੰਘ ਆਹਲੂਵਾਲੀਆ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਕੁਲਵਿੰਦਰ ਸਿੰਘ, ਜੂਨੀਅਰ ਇੰਜੀਨੀਅਰ (80540-52202) ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 30-01-2018, ਲੋਕ ਸੂਚਨਾ ਅਧਿਕਾਰੀ ਦਫਤਰ ਕਾਰਜ ਸਾਧਕ ਅਫਸਰ, ਨਗਰ ਕੌਂਸਿਲ, ਮੰਡੀ ਗੋਬਿੰਦਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਮੁਕੰਮਲ ਐਮ.ਬੀ. ਬੁੱਕ 425 ਅਤੇ ਐਮ.ਬੀ. ਬੁੱਕਾਂ ਜਾਰੀ ਕਰਨ ਨਾਲ ਸਬੰਧਤ ਰਜਿਸਟਰ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 03-04-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਅੱਜ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪਿਛਲੀ ਪੇਸ਼ੀ, ਮਿਤੀ 16-10-2018 ਤੇ ਅਪੀਲਕਰਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ। ਉੱਤਰਦਾਤਾ ਵੱਲੋਂ ਹਾਜ਼ਰ ਅਧਿਕਾਰੀਆਂ ਨੇ ਦੱਸਿਆ ਸੀ ਕਿ ਉਨ੍ਹਾਂ ਵੱਲੋਂ ਆਪਣੇ ਪੱਤਰ ਨੰ:182, ਮਿਤੀ 11-10-2018 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਜਾ ਚੁੱਕਾ ਹੈ ਕਿ ਮਾਪ ਪੁਸਤਕ 425 ਦੀ ਭਾਲ ਦਫ਼ਤਰ ਵਿਖੇ ਕੀਤੀ ਗਈ, ਜੋ ਕਿ ਮਿਲ ਨਹੀਂ ਰਹੀ ਹੈ, ਮਾਪ ਪੁਸਤਕ ਮਿਲਣ ਤੇ ਅਪੀਲਕਰਤਾ ਨੂੰ ਮੁਹੱਈਆ ਕਰਵਾਈ ਜਾ ਸਕਦੀ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਨੂੰ ਆਪਣਾ ਪੱਖ

ਚਲਦਾ---ਪੰਨਾ/2

**<u>ਅਪੀਲ ਕੇਸ ਨੰ:2434 ਆਫ਼ 2018</u>**

ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 26-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਕੁਲਵਿੰਦਰ ਸਿੰਘ, ਜੂਨੀਅਰ ਇੰਜੀਨੀਅਰ ਨੇ ਪਿਛਲੀ ਪੇਸ਼ੀ ਵਾਲੇ ਜਵਾਬ ਨੂੰ ਦੁਹਰਾਉਂਦੇ ਹੋਏ ਫਿਰ ਕਿਹਾ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਐਮ.ਬੀ. ਬੱਕ 425 ਅਜੇ ਉਪਲਬਧ ਨਹੀਂ ਹੋ ਸਕੀ ਜ਼ੋ ਕਿ ਵਾਜਿਬ ਨਹੀਂ ਹੈ ਕਿਉਂਕਿ ਉਸ ਵੱਲੋਂ ਐਮ.ਬੀ.ਬੱਕ ਦੀ ਭਾਲ ਸਬੰਧੀ ਕੋਈ ਸਬੂਤ ਪੇਸ਼ ਨਹੀਂ ਕੀਤਾ ਗਿਆ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮਿਤੀ 30-01-2018 ਨੂੰ ਆਰ.ਟੀ.ਆਈ. ਅਰਜ਼ੀ ਪਾਉਣ ਦੀ ਮਿਤੀ ਤੋਂ ਲੈ ਕੇ ਹੁਣ ਤੱਕ ਐਮ.ਬੀ. ਬੁੱਕ ਨੂੰ ਭਾਲਣ ਲਈ ਕੀਤੀ ਗਈ ਕਾਰਵਾਈ ਬਾਰੇ ਵਿਸਥਾਰ-ਪੂਰਵਕ ਜਵਾਬ ਕਮਿਸ਼ਨ ਨੂੰ ਪੇਸ਼ ਕੀਤਾ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **<u>ਅਗਲੀ ਸੁਣਵਾਈ ਮਿਤੀ 02-01-2019 ਨੂੰ 11.30 ਵਜੇ ਲਈ</u>** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਗੁਰਦੀਪ ਸਿੰਘ ਢੀਂਗੀ, (98153-44346)
ਪੁੱਤਰ ਸ਼੍ਰੀ ਹਰਨਾਮ ਸਿੰਘ,
ਵਾਸੀ ਬਲਾਕ ਨੰ:1,
ਮਕਾਨ ਨੰ:390,
ਧਰਮਪੁਰਾ ਮੁਹੱਲਾ, ਧੂਰੀ,
ਜ਼ਿਲ੍ਹਾ ਸੰਗਰੂਰ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਮਾਜਰੀ, ਜ਼ਿਲ੍ਹਾ ਮੁਹਾਲੀ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ. ਵਧੀਕ ਡਿਪਟੀ ਕਮਿਸ਼ਨਰ (ਵਿਕਾਸ),
ਮੁਹਾਲੀ। .......... ਉੱਤਰਦਾਤਾ

**ਅਪੀਲ ਕੇਸ ਨੰ:2469 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਜੈ ਸਿੰਘ, ਵਣ ਬਲਾਕ ਅਫਸਰ, ਇੰਚਾਰਜ, ਮਿਰਜਾਪੁਰ ਬਲਾਕ (98148-16502)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 21-04-2018, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ, ਜ਼ਿਲ੍ਹਾ ਮੁਹਾਲੀ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ 01-04-2012 ਤੋਂ 31-03-2018 ਤੱਕ ਵਣ ਵਿਭਾਗ, ਸਿਸਵਾਂ ਨਾਲ ਸਬੰਧਤ ਨਰੇਗਾ ਮਜ਼ਦਰਾਂ ਦੇ ਮਸਟਰੋਲਾਂ ਨਾਲ ਸਬੰਧਤ 3 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 28-05-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 27-08-2018 ਨੂੰ ਪਹਿਲੀ ਸੁਣਵਾਈ ਮਿਤੀ 19-09-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ। ਪਰੰਤੂ ਬਾਅਦ ਵਿੱਚ ਇਸ ਕੇਸ ਦੀ ਸੁਣਵਾਈ ਮੁਲਤਵੀ ਕਰਕੇ ਇਹ ਕੇਸ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਪੇਸ਼ੀ, ਮਿਤੀ 16-10-2018 ਤੇ ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਸੀ। ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ, ਜ਼ਿਲ੍ਹਾ ਮੁਹਾਲੀ ਵੱਲੋਂ ਹਾਜ਼ਰ ਸ਼੍ਰੀ ਰਵਿੰਦਰ ਸਿੰਘ, ਐਸ.ਈ.ਪੀ.ਓ.ਬਲਾਕ ਮਾਜਰੀ ਨੇ ਪੱਤਰ ਨੰ:683, ਮਿਤੀ 02-05-2018 ਅਤੇ ਪੱਤਰ ਨੰ:1927, ਮਿਤੀ 12-09-2018 ਪੇਸ਼ ਕਰਦੇ ਹੋਏ ਦੱਸਿਆ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਵਣ ਵਿਭਾਗ ਨਾਲ ਹੋਣ ਕਾਰਨ ਅਪੀਲਕਰਤਾ ਦਾ

ਚਲਦਾ---ਪੰਨਾ/2

ਬਿਨੈ-ਪੱਤਰ ਆਰ.ਟੀ.ਆਈ. ਐਕਟ, 2005 ਦੀ ਧਾਰਾ 6(3) ਤਹਿਤ ਵਣ ਰੇਂਜ ਅਫਸਰ ਸਿਸਵਾਂ, ਜ਼ਿਲ੍ਹਾ ਮੁਹਾਲੀ ਨੂੰ ਤਬਦੀਲ ਕੀਤਾ ਜਾ ਚੁੱਕਾ ਹੈ ਅਤੇ ਇਸ ਬਾਰੇ ਅਪੀਲਕਰਤਾ ਨੂੰ ਵੀ ਸੂਚਿਤ ਕੀਤਾ ਜਾ ਚੁੱਕਾ ਹੈ। ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਮਿਸਲ ਤੇ ਰੱਖ ਲਏ ਗਏ ਸਨ। ਇਸ ਕਰਕੇ ਲੋਕ ਸੂਚਨਾ ਅਧਿਕਾਰੀ ਦਫਤਰ ਵਣ ਰੇਂਜ ਅਫਸਰ ਸਿਸਵਾਂ, ਜ਼ਿਲ੍ਹਾ ਮੁਹਾਲੀ ਨੂੰ ਉੱਤਰਦਾਤਾ ਨੰ:3 ਵਜੋਂ ਪਾਰਟੀ ਬਨਾਉਣ ਲਈ ਅਪੀਲਕਰਤਾ ਦੀ ਆਰ.ਟੀ.ਆਈ. ਦੀ ਕਾਪੀ ਸਹਿਤ ਨੋਟਿਸ ਜਾਰੀ ਕਰਦੇ ਹੋਏ ਇਹ ਕੇਸ ਅਗਲੀ ਸੁਣਵਾਈ ਮਿਤੀ 26-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

3. ਅੱਜ ਫਿਰ ਅਪੀਲਕਰਤਾ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਉੱਤਰਦਾਤਾ ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਮਾਜਰੀ, ਜ਼ਿਲ੍ਹਾ ਮੁਹਾਲੀ ਵੱਲੋਂ ਵੀ ਕੋਈ ਹਾਜ਼ਰ ਨਹੀਂ ਹੋਇਆ।

4. ਉੱਤਰਦਾਤਾ, ਵਣ ਵਿਭਾਗ ਵੱਲੋਂ ਅੱਜ ਹਾਜ਼ਰ ਸ੍ਰੀ ਜੈ ਸਿੰਘ, ਵਣ ਬਲਾਕ ਅਫਸਰ, ਇੰਚਾਰਜ, ਮਿਰਜਾਪੁਰ ਬਲਾਕ ਨੇ ਆਪਣੇ ਲਿਖਤੀ ਬਿਆਨ ਰਾਹੀਂ ਕਮਿਸ਼ਨ ਨੂੰ ਦੱਸਿਆ ਹੈ ਕਿ ਅਪੀਲਕਰਤਾ ਵੱਲੋਂ ਨਰੇਗਾ ਸਕੀਮ ਅਧੀਨ ਸੂਚਨਾ ਮੰਗੀ ਗਈ ਹੈ ਅਤੇ ਇਹ ਸੂਚਨਾ ਵਣ ਵਿਭਾਗ ਨਾਲ ਸਬੰਧਤ ਨਹੀਂ ਹੈ ਕਿਉਂਕਿ ਨਰੇਗਾ ਸਕੀਮ ਅਧੀਨ ਜ਼ੋ ਮਸਟਰੋਲ ਜਾਰੀ ਕੀਤੇ ਜਾਂਦੇ ਹਨ ਉਸ ਉੱਤੇ ਮਜ਼ਦੂਰ ਦਾ ਨਾਂ, ਜ਼ੋਬਕਾਰਡ ਨੰਬਰ ਅਤੇ ਪਿੰਡ ਦਾ ਨਾਂ ਪਹਿਲਾਂ ਹੀ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦੇ ਸਬੰਧਤ ਸਟਾਫ਼ ਵੱਲੋਂ ਲਿਖੇ ਹੁੰਦੇ ਹਨ। ਵਣ ਵਿਭਾਗ ਦੇ ਸਬੰਧਤ ਵਣ ਗਾਰਡ ਵੱਲੋਂ ਸਿਰਫ ਉਸ ਮਸਟਰੋਲ ਉੱਤੇ ਮਜ਼ਦੂਰ ਦੀ ਹਾਜ਼ਰੀ ਲਗਾਈ ਜਾਂਦੀ ਹੈ ਅਤੇ ਆਪਣੇ ਹਸਤਾਖਰ ਕਰਨ ਤੋਂ ਬਾਅਦ ਉਹ ਮਸਟਰੋਲ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦੇ ਮਨਰੇਗਾ ਬ੍ਰਾਂਚ ਨੂੰ ਵਾਪਸ ਕਰ ਦਿੱਤੇ ਜਾਂਦੇ ਹਨ। ਉਨ੍ਹਾਂ ਵੱਲੋਂ ਹੀ ਮਸਟਰੋਲ ਦੀ ਆਨ ਲਾਈਨ ਪੇਮੈਂਟ ਕੀਤੀ ਜਾਂਦੀ ਹੈ। ਇਸ ਲਈ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਦਫਤਰ ਵੱਲੋਂ ਦੇਣੀ ਬਣਦੀ ਹੈ।

5. ਉਪਰੋਕਤ ਦਰਸਾਈ ਗਈ ਸਥਿਤੀ ਦੇ ਸਨਮੁੱਖ ਲੋਕ ਸੂਚਨਾ ਅਧਿਕਾਰੀ, ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,ਮਾਜਰੀ, ਜ਼ਿਲ੍ਹਾ ਮੁਹਾਲੀ ਅਤੇ ਲੋਕ ਸੂਚਨਾ ਅਧਿਕਾਰੀ, ਦਫਤਰ ਵਣ ਰੇਂਜ ਅਫਸਰ ਸਿਸਵਾਂ, ਵਣ ਵਿਭਾਗ, ਵਣ ਕੰਪਲੈਕਸ, ਜ਼ਿਲ੍ਹਾ ਮੁਹਾਲੀ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਆਪਣਾ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ। ਅਪੀਲਕਰਤਾ ਨੂੰ ਵੀ ਆਪਣਾ ਪੱਖ ਪੇਸ਼ ਕਰਨ ਮੌਕਾ ਦਿੱਤਾ ਜਾਂਦਾ ਹੈ। ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 21-01-2019 ਨੂੰ ਸਵੇਰੇ 11.30 ਵਜੇ ਲਈ** ਨਿਸਚਿਤ ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫਤਰ ਵਣ ਰੇਂਜ ਅਫਸਰ ਸਿਸਵਾਂ,
ਵਣ ਵਿਭਾਗ, ਵਣ ਕੰਪਲੈਕਸ, ਜ਼ਿਲ੍ਹਾ ਮੁਹਾਲੀ।

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172^2864125,2864110

ਸ਼੍ਰੀ ਬਲਵੰਤ ਸਿੰਘ, (94648-10259)
ਪੁੱਤਰ ਸ਼੍ਰੀ ਜਗਤਾਰ ਸਿੰਘ,
ਪਿੰਡ ਲਮੋਚੜ ਕਲਾਂ,
ਤਹਿਸੀਲ ਜਲਾਲਾਬਾਦ,
ਜ਼ਿਲ੍ਹਾ ਫਾਜ਼ਿਲਕਾ। ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,
ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਫਾਜ਼ਿਲਕਾ। ......... ਉੱਤਰਦਾਤਾ

**ਅਪੀਲ ਕੇਸ ਨੰ:2474 ਆਫ਼ 2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਨਹੀਂ।
2) ਉੱਤਰਦਾਤਾ ਵੱਲੋਂ ਸ਼੍ਰੀ ਸੁਰਜੀਤ ਸਿੰਘ, ਵੀ.ਡੀ.ਓ. (94787-15200)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 24-10-2017, ਲੋਕ ਸੂਚਨਾ ਅਧਿਕਾਰੀ ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਵੱਲੋਂ ਜਨਵਰੀ, 2015 ਤੋਂ ਲੈ ਕੇ ਦਸੰਬਰ, 2016 ਤੱਕ ਪਿੰਡ ਲਮੋਚੜ ਕਲਾਂ ਦੀ ਗਰਾਂਟ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਗਈ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 12-12-2017 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 24-07-2018 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 01-10-2018 ਨੂੰ ਪਹਿਲੀ ਸੁਣਵਾਈ ਮਿਤੀ 16-10-2018 ਨੂੰ ਸਵੇਰੇ 11:30 ਵਜੇ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਭੇਜੀ ਗਈ ਹੈ। ਉੱਤਰਦਾਤਾ ਵੱਲੋਂ ਹਾਜ਼ਰ ਸ਼੍ਰੀ ਸੁਰਜੀਤ ਸਿੰਘ, ਵੀ.ਡੀ.ਓ. ਨੇ ਆਪਣੇ ਪੱਤਰ ਨੰ:2275, ਮਿਤੀ 10-11-2018 ਰਾਹੀਂ ਦੱਸਿਆ ਹੈ ਕਿ ਅਪੀਲਕਰਤਾ ਨੂੰ ਮੰਗੀ ਗਈ ਸੂਚਨਾ ਦੇ ਦਿੱਤੀ ਗਈ ਹੈ ਅਤੇ ਉਹ ਪ੍ਰਾਪਤ ਸੂਚਨਾ ਤੋਂ ਸੰਤੁਸ਼ਟ ਹੈ। ਉਸ ਨੇ ਇਸ ਸਬੰਧੀ ਅਪੀਲਕਰਤਾ ਕੋਲੋਂ ਪ੍ਰਾਪਤ ਕੀਤੀ ਗਈ ਰਸੀਦ ਮਿਤੀ 20-10-2018 ਵੀ ਪੇਸ਼ ਕੀਤੀ ਹੈ ਜਿਸ ਰਾਹੀ ਅਪੀਲਕਰਤਾ ਨੇ ਮੰਨਿਆ ਹੈ ਕਿ ਉਸ ਨੂੰ ਮੰਗਿਆ ਗਿਆ ਰਿਕਾਰਡ ਮਿਲ ਗਿਆ ਹੈ ਅਤੇ ਉਹ ਸੰਤੁਸ਼ਟ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 26 ਨਵੰਬਰ, 2018.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

ਪੰਜਾਬ ਰਾਜ ਸੂਚਨਾ ਕਮਿਸ਼ਨ
ਰੈੱਡ ਕਰਾਸ ਭਵਨ, ਨਜ਼ਦੀਕ ਰੋਜ਼ ਗਾਰਡਨ, ਸੈਕਟਰ-16, ਚੰਡੀਗੜ੍ਹ।
E.mail:-psic23@punjabmail.gov.in. Phone No.0172-2864113
(www.infocommpunjab.com) FaX:0172-2864125,2864110

ਸ਼੍ਰੀਮਤੀ ਪੂਨਮ ਗੁਪਤਾ, (98769-29371)
ਵਾਸੀ 10, ਨੇਤਾਜੀ ਪਾਰਕ,
ਨੇੜੇ ਹੋਟਲ ਕਮਲ ਪੈਲੇਸ,
ਜਲੰਧਰ-144001. ..........ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਪ੍ਰਿੰਸੀਪਲ,
ਕੰਨਿਆ ਮਹਾਂ ਵਿਦਿਆਲਿਆ,
ਜਲੰਧਰ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਪ੍ਰਧਾਨ, ਕੰਨਿਆ ਮਹਾਂ ਵਿਦਿਆਲਿਆ,
ਮੈਨੇਜਿੰਗ ਕਮੇਟੀ, ਜਲੰਧਰ। ..........ਉੱਤਰਦਾਤਾ

**ਅਪੀਲ ਕੇਸ ਨੰ:2313 ਆਫ਼ 2018**

**ਹਾਜ਼ਰ:**

1) ਅਪੀਲਕਰਤਾ ਵਲੋ ਸ਼੍ਰੀ ਵੈਭਵ ਗੁਪਤਾ, ਐਡਵੋਕੇਟ (098769-29371) ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ (98145-06858)।

**ਹੁਕਮ:-**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ,2005 ਅਧੀਨ ਇਕ ਬਿਨੈ ਪੱਤਰ ਮਿਤੀ 07-11-2017, ਲੋਕ ਸੂਚਨਾ ਅਧਿਕਾਰੀ ਦਫਤਰ ਪ੍ਰਿੰਸੀਪਲ, ਕੰਨਿਆ ਮਹਾਂ ਵਿਦਿਆਲਿਆ, ਜਲੰਧਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀ ਅਪੀਲਕਰਤਾ ਨੇ ਕਮਰਸ ਦੀ ਆਸਾਮੀ ਤੇ ਨਿਯੁਕਤੀ ਲਈ ਆਪਣੇ ਨਿਯੁਕਤੀ ਪੱਤਰ ਅਤੇ ਇਸ ਆਸਾਮੀ ਲਈ ਅਖਬਾਰ ਵਿੱਚ ਦਿੱਤੇ ਗਏ ਇਸ਼ਤਿਹਾਰ ਨਾਲ ਸਬੰਧਤ ਵਿਚ 2 ਨੁਕਤਿਆਂ ਬਾਰੇ ਸੂਚਨਾ ਮੰਗ ਕੀਤੀ ਸੀ।ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਦੀ ਜਾਣਕਾਰੀ ਪੱਤਰ ਨੰ 2653 ਮਿਤੀ 7.12.2017 ਰਾਹੀਂ ਦਿੱਤੀ ਗਈ ਜਿਸ ਤੋ ਸੰਤੁਸ਼ਟ ਨਾ ਹੋਣ ਕਰ ਕੇ ਉਸ ਨੇ ਮਿਤੀ 22-02-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਪਹਿਲੀ ਅਪੀਲੀ ਅਥਾਰਟੀ ਨੇ ਅਪੀਲਕਰਤਾ ਦੀ ਅਪੀਲ ਰੱਦ ਕਰ ਦਿੱਤੀ ਸੀ ਉਸ ਉਪਰੰਤ ਮਿਤੀ 10-07-2018 ਨੂੰ ਅਪੀਲਕਰਤਾ ਨੇ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-09-2018 ਨੂੰ ਸਵੇਰੇ 11:30 ਵਜੇ ਪਹਿਲੀ ਸੁਣਵਾਈ ਲਈ ਨੋਟਿਸ ਜਾਰੀ ਕੀਤਾ ਗਿਆ ਸੀ।

2 ਪੇਸ਼ੀ, ਮਿਤੀ 5.9.2018 ਨੂੰ ਅਪੀਲਕਰਤਾ ਵਲੋ ਵੈਭਵ ਗੁਪਤਾ ਐਡਵੋਕੇਟ ਤੇ ਚੈਤਨਿਆ ਮਹਾਜਨ ਐਡਵੋਕੇਟ ਨੇ ਹਾਜ਼ਰ ਹੋ ਦੱਸਿਆ ਸੀ ਕਿ ਉੱਤਰਦਾਤਾ ਵਲੋ ਅਧੂਰੀ ਸੂਚਨਾ ਦਿੱਤੀ ਗਈ ਹੈ।ਉੱਤਰਦਾਤਾ ਦੇ ਵਕੀਲ ਵਲੋ ਕੇਸ ਦੀ ਪੈਰਵੀ ਲਈ ਦੋ ਹਫ਼ਤੇ ਦੇ ਸਮੇਂ ਦੀ ਮੰਗ ਕੀਤੀ ਗਈ ਸੀ। ਦੋਹਾਂ ਧਿਰਾਂ ਦੀ ਸਹਿਮਤੀ ਨਾਲ ਇਸ ਕੇਸ ਦੀ

ਚਲਦਾ---ਪੰਨਾ/2

ਸੁਣਵਾਈ ਦੀ ਅਗਲੀ ਮਿਤੀ 08.10.2018 ਨਿਸ਼ਚਿਤ ਕੀਤੀ ਗਈ ਸੀ।

3. ਪੇਸ਼ੀ, ਮਿਤੀ 08-10-2018 ਤੇ ਉੱਤਰਦਾਤਾ ਦੇ ਨੁੰਮਾਇੰਦੇ ਵਲੋਂ ਸਮੇਂ ਦੀ ਮੰਗ ਕੀਤੀ ਗਈ ਸੀ ਅਤੇ ਅਪੀਲਕਰਤਾ ਦੇ ਨੁੰਮਾਇੰਦੇ ਵੱਲੋਂ ਵੀ ਸਹਿਮਤੀ ਪ੍ਰਗਟਾਈ ਗਈ ਹੈ।ਇਸ ਲਈ ਦੋਵੇਂ ਧਿਰਾਂ ਦੀ ਸਹਿਮਤੀ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 20-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

4. ਪੇਸ਼ੀ, ਮਿਤੀ 20-11-2018 ਤੇ ਫਿਰ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ । ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਅਤੇ ਸ਼੍ਰੀ ਚੇਤੰਨਿਆ ਮਹਾਜਨ ਐਡਵੋਕੇਟ ਵੱਲੋਂ ਦੱਸਿਆ ਗਿਆ ਸੀ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਨ੍ਹਾਂ ਵੱਲੋਂ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਗਈ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 20-11-2018 ਪੇਸ਼ ਕੀਤਾ ਸੀ ਜਿਸ ਨੂੰ ਵਿਚਾਰਨ ਉਪਰੰਤ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਰਜਿਸਟਰਡ ਡਾਕ ਰਾਹੀਂ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋਣਾ ਵੀ ਯਕੀਨੀ ਬਣਾਇਆ ਜਾਵੇ।ਇਸ ਹਦਾਇਤ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 26-11-2018 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

5. ਅੱਜ ਪੇਸ਼ੀ ਸਮੇਂ ਦੋਵੇਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਵੈਭਵ ਗੁਪਤਾ, ਐਡਵੋਕੇਟ ਨੇ ਕਿਹਾ ਹੈ ਕਿ ਉਨ੍ਹਾਂ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਸਮੀਰ ਸਚਦੇਵਾ ਐਡਵੋਕੇਟ ਨੇ ਨੁਕਤਾ ਨੰ:1 ਅਨੁਸਾਰ ਨਿਯੁਕਤੀ ਪੱਤਰ ਦੀ ਕਾਪੀ ਪੇਸ਼ੀ ਦੌਰਾਨ ਅਪੀਲਕਰਤਾ ਦੇ ਨੁਮਾਇੰਦੇ ਨੂੰ ਦਸਤੀ ਦੇ ਦਿੱਤੀ ਹੈ ਜੋ ਕਿ ਉਨ੍ਹਾਂ ਵੱਲੋਂ ਪ੍ਰਾਪਤ ਕਰ ਲਈ ਹੈ ਅਤੇ ਸੰਤੁਸ਼ਟੀ ਜ਼ਾਹਿਰ ਕੀਤੀ ਹੈ। ਨੁਕਤਾ ਨੰ:2 ਬਾਰੇ ਉੱਤਰਦਾਤਾ ਦੇ ਨੁਮਾਇੰਦੇ ਵੱਲੋਂ ਕਿਹਾ ਗਿਆ ਹੈ ਕਿ ਰਿਕਾਰਡ ਬਹੁਤ ਜ਼ਿਆਦਾ ਪੁਰਾਣਾ ਹੋਣ ਕਾਰਨ ਇਸ ਬਾਰੇ ਸੂਚਨਾ ਉਪਲਬਧ ਨਹੀਂ ਹੈ ਜਿਸ ਬਾਰੇ ਉਨ੍ਹਾਂ ਵੱਲੋਂ ਪਹਿਲਾਂ ਹੀ ਆਪਣੇ ਪੱਤਰ, ਮਿਤੀ 07-12-2017 ਰਾਹੀਂ ਅਪੀਲਕਰਤਾ ਨੂੰ ਸੂਚਿਤ ਕੀਤਾ ਹੋਇਆ ਹੈ। ਉੱਤਰਦਾਤਾ ਵੱਲੋਂ ਅਪੀਲਕਰਤਾ ਨੂੰ ਦਿੱਤੀ ਗਈ ਸੂਚਨਾ/ਜਵਾਬ ਕਮਿਸ਼ਨ ਵੱਲੋਂ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ। ਇਸ ਲਈ ਅਪੀਲਕਰਤਾ ਵੱਲੋ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਅਪੀਲ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ, 26 ਨਵੰਬਰ, 2018.**

5.